# ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਸਿੱਖਿਆ ਭਵਨ

ਪੰਜਵੀਂ ਮੰਜਿਲ, ਐਸ.ਏ.ਐਸ. ਨਗਰ

ਸੇਵਾ ਵਿਖੇ,

ਸਮੂਹ ਡਿਪਟੀ ਕਮਿਸ਼ਨਰ, ਪੰਜਾਬ।

ਮੀਮੋ ਨੰ. 535304/ ਸ-2/ 2023195664

ਮਿਤੀ ਸ.ਅ.ਸ ਨਗਰ 16-07-2023

ਵਿਸ਼ਾ: ਪੰਜਾਬ ਰਾਜ ਦੇ ਸਮੂਹ ਸਰਕਾਰੀ/ਏਡਿਡ/ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਨੂੰ ਮਿਤੀ 17-7-2023 ਨੂੰ ਖੋਲਣ ਸਬੰਧੀ।

ਉਪੋਰਕਤ ਵਿਸ਼ੇ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਰਾਜ ਵਿੱਚ ਭਾਰੀ ਵਰਖਾ ਹੋਣ ਕਾਰਨ ਐਲਾਨੀਆਂ ਗਈਆਂ ਛੁੱਟੀਆਂ ਉਪਰੰਤ ਮਿਤੀ 17 ਜੁਲਾਈ 2023 ਤੋਂ ਪੰਜਾਬ ਦੇ ਸਮੂਹ ਸਕੂਲ ਖੁੱਲਣਗੇ। ਇਸ ਸਬੰਧ ਵਿੱਚ ਸਮੂਹ ਡਿਪਟੀ ਕਮਿਸ਼ਨਰਾਂ ਵੱਲੋਂ ਆਪਣੇ ਅਧੀਨ ਆਉਂਦੇ ਪੰਚਾਇਤ, ਸਿੱਖਿਆ, ਸਥਾਨਕ ਸਰਕਾਰ, ਸਿੰਚਾਈ, ਲੋਕ ਨਿਰਮਾਣ ਤੇ ਹੋਰਨਾਂ ਵਿਭਾਗਾਂ ਨਾਲ ਤਾਲਮੇਲ ਕਰਕੇ ਇਹ ਯਕੀਨੀ ਬਣਾ ਲਿਆ ਜਾਵੇ ਕਿ ਸਰਕਾਰੀ/ਏਡਿਡ/ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਦੀਆਂ ਇਮਾਰਤਾਂ ਬੱਚਿਆਂ ਦੀ ਸੁਰੱਖਿਆ ਪੱਖੋਂ ਹਰ ਤਰ੍ਹਾਂ ਖਤਰੇ ਤੋਂ ਰਹਿਤ ਹਨ।

ਜੇਕਰ ਕਿਸੇ ਸਕੂਲ ਜਾਂ ਇਲਾਕੇ ਵਿੱਚ ਪਾਣੀ ਭਰਿਆ ਹੋਇਆ ਹੈ ਜਾਂ ਕਿਸੇ ਸਕੂਲ ਦੀ ਇਮਾਰਤ ਨੁਕਸਾਨੀ ਗਈ ਹੋਵੇ ਤਾਂ ਸਿਰਫ ਉਹਨਾਂ ਹੀ ਸਕੂਲਾਂ ਵਿੱਚ ਸਬੰਧਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਛੁੱਟੀ ਐਲਾਨਣਗੇ।

ਇਸ ਦੇ ਨਾਲ ਹੀ ਸਮੂਹ ਸਕੂਲਾਂ ਦੇ ਮੁਖੀ ਅਤੇ ਪ੍ਰਬੰਧਕ ਕਮੇਟੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਪੱਧਰ ਤੇ ਅੱਜ ਹੀ ਇਹ ਯਕੀਨੀ ਬਣਾਉਣ ਕਿ ਸਕੂਲ ਇਮਾਤਰਾਂ ਵਿਦਿਆਰਥੀਆਂ ਵਾਸਤੇ ਸੁਰੱਖਿਅਤ ਹਨ ਅਤੇ ਉਹ ਹੀ ਵਿਦਿਆਰਥੀਆਂ ਦੀ ਹਰ ਕਿਸਮ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੋਣਗੇ।

Vinay Bublani

ਡਾਇਰੈਕਟਰ ਜਨਰਲ ਸਕੂਲ ਸਿੱਖਿਆ

ਪਿੱਠ ਅੰਕਣ ਨੰ. ਉਕਤ/2023195665-71 ਮਿਤੀ ਸ.ਅ.ਸ ਨਗਰ: 16-07-2023

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ :

1. ਨਿਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ ਪੰਜਾਬ।
2. ਪੀ.ਏ./ ਵਿਸ਼ੇਸ਼ ਮੁੱਖ ਸਕੱਤਰ, ਸਕੂਲ ਸਿੱਖਿਆ ਵਿਭਾਗ ਪੰਜਾਬ।
3. ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਪੰਜਾਬ।

4. ਡਾਇਰੈਕਟਰ ਐਸ.ਸੀ.ਈ.ਆਰ.ਟੀ ਪੰਜਾਬ।
5. ਡਾਇਰੈਕਟਰ ਸਕੂਲ ਐਜੂਕੇਸ਼ਨ (ਸੈ.ਸਿ/ ਐ.ਸਿ) ਨੂੰ ਲਿਖਿਆ ਜਾਂਦਾ ਹੈ ਕਿ ਉਹ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ) ਨਾਲ ਤਾਲਮੇਲ ਕਰਕੇ ਉਪਰੋਕਤ ਹਦਾਇਤਾਂ ਨੂੰ ਅੱਜ ਹੀ ਲਾਗੂ ਕਰਵਾਉਣਾ ਯਕੀਨੀ ਬਣਾਉਣ।
6. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ) ਨੂੰ ਲਿਖਿਆ ਜਾਂਦਾ ਹੈ ਕਿ ਉਹ ਉਪਰੋਕਤ ਹਦਾਇਤਾਂ ਲਾਗੂ ਕਰਨ ਲਈ ਆਪਣੇ ਜਿਲ੍ਹੇ ਦੇ ਡਿਪਟੀ ਕਮਿਸ਼ਨਰਾਂ ਅਤੇ ਸਕੂਲ ਮੁਖੀਆਂ ਨਾਲ ਅੱਜ ਹੀ ਰਾਬਤਾ ਕਾਇਮ ਕਰਨਾ ਯਕੀਨੀ ਬਣਾਉਣ।
7. ਸਮੂਹ ਸਕੂਲ ਮੁਖੀ, ਪੰਜਾਬ।

Vinay Bublani

ਡਾਇਰੈਕਟਰ ਜਨਰਲ ਸਕੂਲ ਸਿੱਖਿਆ